# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 18-03-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਕੇਂਦਰੀ ਮੰਤਰੀਮੰਡਲ ਨੇ, ਕਪਾਹ ਰੁਤ 2023-24 ਲਈ ਭਾਰਤੀ ਕਪਾਹ ਨਿਗਮ ਨੂੰ 1 ਹਜ਼ਾਰ 718 ਕਰੋੜ ਰੁਪਏ ਤੋਂ ਵੱਧ ਦੀ MSP ਫੰਡਿੰਗ ਨੂੰ ਪ੍ਰਵਾਨਗੀ ਦੇ ਦਿੱਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਰਾਜਸਥਾਨ ਸਰਕਾਰ ਵਲੋਂ ਦਹਾਕਿਆਂ ਤੋਂ ਬਿਨਾਂ ਭੁਗਤਾਨ ਕੀਤਿਆਂ ਪੰਜਾਬ ਦੇ ਪਾਣੀ ਦੀ ਵਰਤੋਂ ਕਰਨ

ਦੇ ਸੰਬੰਧ ‘ਚ 1920 ਦੇ ਇਤਿਹਾਸਕ ਸਮਝੌਤੇ ਦੀ ਸਮੀਖਿਆ ਕੀਤੀ ਜਾਣੀ ਚਾਹੀਦੀ ਏ ।

- ਪੰਜਾਬ ਦੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅੱਜ “ਰੰਗਲਾ ਪੰਜਾਬ” ਮੁਹਿੰਮ ਤਹਿਤ ਪਟਿਆਲਾ ਦਿਹਾਤੀ ਦੇ ਵਿਕਾਸ ਲਈ 77 ਕਰੋੜ ਰੁਪਏ ਦੀ ਰਕਮ ਜਾਰੀ ।
- ਇੱਕ ਵੱਡੀ ਸਫਲਤਾ ਵਿੱਚ, ਕਾਊਂਟਰ ਇੰਟੈਲੀਜੈਂਸ, ਬਠਿੰਡਾ ਨੇ ਦੋ ਮੁਲਜ਼ਮਾਂ ਹੈਂਡ ਗਰਨੇਡ ਸਮੇਤ ਨੂੰ ਗ੍ਰਿਫ਼ਤਾਰ ਕਰਕੇ, ਇੱਕ ਵੱਡੇ ਦਹਿਸ਼ਤਗਰਦ ਹਮਲੇ ਨੂੰ ਨਾਕਾਮ ਕੀਤਾ ।
- ਪੰਜਾਬ ਵਿਧਾਨ ਸਭਾ ਦੇ ਸਪੀਕਰ, ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਵਿੱਚ, UPSC ਦੀ ਪ੍ਰੀਖਿਆ

ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਨੌਜਵਾਨਾਂ ਦਾ ਵਿਸੇਸ਼ ਸਨਮਾਨ ਕੀਤਾ ਗਿਆ।

- ਸੂਬੇ ‘ਚ ਮੌਸਮ ‘ਚ ਬਦਲਾਅ ਕਾਰਣ ਤਾਪਮਾਨ ‘ਚ ਗਿਰਾਵਟ. ਅਗਲੇ 2 ਦਿਨਾਂ ਲਈ ਤੇਜ਼ ਹਵਾਵਾਂ ਤੇ ਗੜ੍ਹੇਮਾਰੀ ਦਾ ORANGE ALERT ਜਾਰੀ.

---------------------------------------------------------------

ਕਿਸਾਨ ਭਲਾਈ ਨੂੰ ਮਜ਼ਬੂਤ ਕਰਨ ਅਤੇ ਆਤਮਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਕੇਂਦਰੀ ਮੰਤਰੀਮੰਡਲ ਨੇ ਕਪਾਹ ਰੁੱਤ 2023-24 ਲਈ ਭਾਰਤੀ ਕਪਾਹ ਨਿਗਮ ਨੂੰ 1 ਹਜ਼ਾਰ 718 ਕਰੋੜ ਰੁਪਏ ਤੋਂ ਵੱਧ ਦੀ MSP ਫੰਡਿੰਗ ਨੂੰ ਪ੍ਰਵਾਨਗੀ ਦੇ ਦਿੱਤੀ ਏ। ਕੈਬਨਿਟ ਮੀਟਿੰਗ ਤੋਂ ਬਾਅਦ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਸੂਚਨਾ ਅਤੇ

ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਇਸ ਫੰਡਿੰਗ ਦਾ ਉਦੇਸ਼ ਦੇਸ਼ ਭਰ ਦੇ ਕਪਾਹ ਕਿਸਾਨਾਂ ਨੂੰ ਸਿੱਧੀ ਕੀਮਤ ਸਹਾਇਤਾ ਪ੍ਰਦਾਨ ਕਰਨਾ ਏ। ਸ਼੍ਰੀ ਵੈਸ਼ਨਵ ਨੇ ਕਿਹਾ ਕਿ MSP ਕਾਰਜ ਕਪਾਹ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਕੀਤੇ ਜਾਂਦੇ ਨੇ, ਖਾਸ ਕਰਕੇ ਉਨ੍ਹਾਂ ਸਮਿਆਂ ਦੌਰਾਨ ਜਦੋਂ ਬਾਜ਼ਾਰ ਕੀਮਤਾਂ MSP ਤੋਂ ਹੇਠਾਂ ਆਉਂਦੀਆਂ ਨੇ –

*BYTE -ASHWINI-VAISHNAV-CABINET-35 sec*

ਕੇਂਦਰੀ ਮੰਤਰੀ ਮੰਡਲ  ਨੇ ਭਾਰਤ ਆਡਿਓਗਿਕ ਵਿਕਾਸ ਯੋਜਨਾ (BHAVYA) ਨੂੰ 33 ਹਜ਼ਾਰ 660 ਕਰੋੜ ਰੁਪਏ ਦੇ ਅਲਾਟਮੈਂਟ ਨਾਲ 100 ਪਲੱਗ-ਐਂਡ-ਪਲੇ ਸਨਅਤੀ ਪਾਰਕ ਵਿਕਸਤ ਕਰਨ ਲਈ ਮਨਜ਼ੂਰੀ ਦੇ ਦਿੱਤੀ ਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇਸ ਯੋਜਨਾ ਦਾ ਉਦੇਸ਼ ਵਿਸ਼ਵ ਪੱਧਰੀ ਸਨਅਤੀ ਬੁਨਿਆਦੀ ਢਾਂਚਾ ਵਿਕਸਤ ਕਰਨਾ,

ਨਿਰਮਾਣ ਸੰਭਾਵਨਾਵਾਂ ਨੂੰ ਖੋਲ੍ਹਣਾ ਅਤੇ ਦੇਸ਼ ਦੀ ਵਿਕਾਸ ਕਹਾਣੀ ਨੂੰ ਅੱਗੇ ਵਧਾਉਣਾ ਏ। ਕੈਬਨਿਟ ਨੇ 2026-27 ਤੋਂ 2030-31 ਦੀ ਮਿਆਦ ਲਈ ਕਰੀਬ 1500 ਮੈਗਾਵਾਟ ਦੀ ਸਮਰੱਥਾ ਵਾਲੇ ਛੋਟੇ ਪਣ ਬਿਜਲੀ ਪ੍ਰੋਜੈਕਟਾਂ ਦੀ ਸਥਾਪਨਾ ਲਈ ਦੋ ਹਜ਼ਾਰ 584 ਕਰੋੜ ਰੁਪਏ ਤੋਂ ਵੱਧ ਦੇ ਖਰਚ ਨਾਲ ਛੋਟੇ ਪਣ ਬਿਜਲੀ ਪ੍ਰੋਜੈਕਟ SHP ਵਿਕਾਸ ਯੋਜਨਾ ਨੂੰ ਵੀ ਪ੍ਰਵਾਨਗੀ ਦਿੱਤੀ ਏ.

---------------------------------------------------------------

ਸਰਕਾਰ ਨੇ ਭਰੋਸਾ ਦਿੱਤਾ ਏ ਕਿ ਕੱਚੇ ਤੇਲ ਦੀ ਉੱਪਲਬਧਤਾ ਆਮ ਵਾਂਗ ਏ ਅਤੇ ਰਿਫਾਇਨਰੀਆਂ ਪੂਰੀ ਸਮਰੱਥਾ ਨਾਲ ਕੰਮ ਕਰ ਰਹੀਆਂ ਨੇ. ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ‘ਚ ਜੋਇੰਟ ਸਕੱਤਰ ਸੁਜਾਤਾ ਸ਼ਰਮਾ ਨੇ ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਵਿੱਚ ਹਾਲੀਆ

ਗਤੀਵਿਧੀਆਂ ਬਾਰੇ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਦੌਰਾਨ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਘਰੇਲੂ ਐਲਪੀਜੀ ਉਤਪਾਦਨ ਵਿੱਚ 40 ਫੀਸਦੀ ਦਾ ਵਾਧਾ ਹੋਇਆ ਏ ਅਤੇ ਦੇਸ਼ ਭਰ ਵਿੱਚ ਕਿਸੇ ਵੀ ਪ੍ਰਚੂਨ ਆਉਟਲੈਟ ਵਿੱਚ ਕਿਸੇ ਤਰ੍ਹਾਂ ਦੀ ਥੁੜ੍ਹ ਨਹੀਂ ਏ-

***byte -SUJATA-SHARMA - 30 sec***

ਸ੍ਰੀਮਤੀ ਸ਼ਰਮਾ ਨੇ ਕਿਹਾ ਕਿ ਸਰਕਾਰ ਨੇ ਵੱਡੇ ਸ਼ਹਿਰਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਵਪਾਰਕ LPG ਖਪਤਕਾਰਾਂ ਨੂੰ ਪੀਐਨਜੀ ਨੂੰ ਅਪਣਾਉਣ ਦੀ ਅਪੀਲ ਵੀ ਕੀਤੀ ।

ਓਹਨਾਂ ਇਹ ਵੀ ਦੱਸਿਆ ਕਿ ਪਿਛਲੇ ਕੁਝ ਦਿਨਾਂ ਵਿੱਚ ਕਰੀਬ ਬਾਰਾਂ ਹਜ਼ਾਰ ਛਾਪੇ ਮਾਰੇ ਗਏ ਨੇ, ਅਤੇ ਕੋਈ ਪੰਦਰਾਂ ਹਜ਼ਾਰ ਸਿਲੰਡਰ ਜ਼ਬਤ ਕੀਤੇ ਗਏ ਨੇ. ਉਨ੍ਹਾਂ ਕਿਹਾ

ਕਿ ਤੇਲ ਮਾਰਕੀਟਿੰਗ ਕੰਪਨੀਆਂ ਦੀਆਂ ਨਿਰੀਖਣ ਟੀਮਾਂ ਨੂੰ ਵੀ ਸਰਗਰਮ ਕਰ ਦਿੱਤਾ ਗਿਆ ਏ, ਅਤੇ ਲਗਭਗ ਢਾਈ ਹਜ਼ਾਰ ਪ੍ਰਚੂਨ ਆਉਟਲੈਟ ਅਤੇ ਐਲਪੀਜੀ ਡਿਸਟ੍ਰੀਬਿਊਟਰਰਾਂ 'ਤੇ ਅਚਨਚੇਤ ਨਿਰੀਖਣ ਕੀਤੇ ਗਏ ਨੇ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਰਾਜਸਥਾਨ ਸਰਕਾਰ ਕੋਲ ਦਹਾਕਿਆਂ ਤੋਂ ਬਿਨਾਂ ਭੁਗਤਾਨ ਕੀਤਿਆਂ ਪਾਣੀ ਦੀ ਵਰਤੋਂ ਲਈ 1.44 ਲੱਖ ਕਰੋੜ ਰੁਪਏ ਦੀ ਵਸੂਲੀ ਦਾ ਦਾਅਵਾ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਨੇ ਨਾਲ ਹੀ ਕਿਹਾ ਕਿ ਰਾਜਸਥਾਨ ਨੂੰ ਜਾਂ ਤਾਂ ਪੰਜਾਬ ਦੇ ਜਾਇਜ਼ ਬਕਾਏ ਜਾਰੀ ਕਰਨੇ ਚਾਹੀਦੇ ਨੇ ਜਾਂ ਪਾਣੀ ਲੈਣਾ ਬੰਦ ਕਰ ਦੇਣਾ ਚਾਹੀਦਾ

ਏ । ਮੁੱਖ ਮੰਤਰੀ ਨੇ ਇਸ ਵਿਵਸਥਾ ਨੂੰ ਚਲਾਉਣ ਵਾਲੇ ਸਾਲ 1920 ਦੇ ਇਤਿਹਾਸਕ ਸਮਝੌਤੇ ਦੀ ਸਮੀਖਿਆ ਕਰਨ ਦੀ ਮੰਗ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 1920 ਦੇ ਦਹਾਕੇ ਵਿੱਚ ਬੀਕਾਨੇਰ ਰਿਆਸਤ, ਸਾਂਝਾ ਪੰਜਾਬ ਅਤੇ ਬਰਤਾਨਵੀ ਰਾਜ ਦਰਮਿਆਨ ਹੋਏ ਇਕ ਸਮਝੌਤੇ ਮੁਤਾਬਿਕ ਰਾਜਸਥਾਨ ਪ੍ਰਤੀ ਏਕੜ ਦੇ ਆਧਾਰ 'ਤੇ ਪਾਣੀ ਦਾ ਭੁਗਤਾਨ ਕਰਨ ਲਈ ਸਹਿਮਤ ਹੋਇਆ ਸੀ। ਮੁੱਖ ਮੰਤਰੀ ਨੇ ਕਿਹਾ,"ਸਾਲ 1960 ਤੱਕ ਭੁਗਤਾਨ ਕੀਤੇ ਜਾਂਦੇ ਸਨ, ਪਰ ਸਿੰਧੂ ਜਲ ਸਮਝੌਤੇ ਤੋਂ ਬਾਅਦ ਰਾਜਸਥਾਨ ਨੇ ਲਗਾਤਾਰ 18,ਹਜ਼ਾਰ ਕਿਊਸਿਕ ਪਾਣੀ ਲੈਣ ਦੇ ਬਾਵਜੂਦ ਭੁਗਤਾਨ ਕਰਨਾ ਬੰਦ ਕਰ ਦਿੱਤਾ। ਇਸ ਮਾਮਲੇ ਵਿੱਚ ਪਿਛਲੇ ਸਮੇਂ ਦੀਆਂ ਕਾਰਵਾਈਆਂ 'ਤੇ ਗੰਭੀਰ ਸਵਾਲ

ਉਠਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਸਮਝੌਤੇ ਵਿੱਚ ਸਪੱਸ਼ਟ ਤੌਰ 'ਤੇ ਹਰ 25 ਸਾਲਾਂ ਬਾਅਦ ਸਮੀਖਿਆ ਨੂੰ ਲਾਜ਼ਮੀ ਕੀਤਾ ਗਿਆ ਸੀ, ਪਰ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਸ ਮੁੱਦੇ ਨੂੰ ਨਹੀਂ ਉਠਾਇਆ ਅਤੇ ਨਾ ਹੀ ਪੰਜਾਬ ਦੇ ਜਾਇਜ਼ ਦਾਅਵੇ ਦੀ ਪੈਰਵੀ ਕੀਤੀ।" ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਹ ਮੁੱਦਾ ਕੇਂਦਰ ਸਰਕਾਰ ਅਤੇ ਰਾਜਸਥਾਨ ਸਰਕਾਰ, ਦੋਵਾਂ ਕੋਲ ਉਠਾਇਆ ਗਿਆ ਏ. ਉਨ੍ਹਾਂ ਅੱਗੇ ਕਿਹਾ ਕਿ, “ਪੰਜਾਬ ਸਰਕਾਰ ਨੇ ਰਾਜਸਥਾਨ ਸਰਕਾਰ ਨੂੰ ਇਸ ਮੁੱਦੇ 'ਤੇ ਚਰਚਾ ਕਰਨ ਲਈ ਮੀਟਿੰਗ ਦੀ ਮੰਗ ਕਰਨ ਲਈ ਇਕ ਪੱਤਰ ਵੀ ਲਿਖਿਆ ਏ ।

----------------------------------------------------------------

ਪੰਜਾਬ  ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅੱਜ “ਰੰਗਲਾ ਪੰਜਾਬ” ਮੁਹਿੰਮ ਤਹਿਤ ਪਟਿਆਲਾ ਦਿਹਾਤੀ ਦੇ ਵਿਕਾਸ ਲਈ 77 ਕਰੋੜ ਰੁਪਏ ਦੀ ਵੱਡੀ ਰਕਮ ਜਾਰੀ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਕਈ ਮਹੱਤਵਪੂਰਨ ਕਦਮਾਂ ਦਾ ਐਲਾਨ ਕੀਤਾ। ਓਹਨਾ ਸਰਪੰਚਾਂ ਨੂੰ 5-5 ਲੱਖ ਰੁਪਏ ਦੇ ਚੈਕ ਵੀ ਸੌਂਪੇ, ਜਿਸ ਨਾਲ ਪਿੰਡ ਪੱਧਰ ‘ਤੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਮਿਲੇਗੀ। ਇਹ ਫੰਡ ਪਿੰਡਾਂ ਵਿੱਚ ਸੜ੍ਹਕਾਂ, ਸਫਾਈ ਪ੍ਰਬੰਧ, ਪੀਣ ਵਾਲੇ ਪਾਣੀ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਲਈ ਵਰਤੇ ਜਾਣਗੇ । ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਕਾਰ ਪਿੰਡਾਂ ਦੇ ਲੋਕਾਂ ਨੂੰ ਸ਼ਹਿਰੀ ਪੱਧਰ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ । ਸਿਹਤ ਮੰਤਰੀ ਨੇ ਪਟਿਆਲਾ

ਵਿਖੇ ਲੋਕਾਂ ਦੇ ਸਫ਼ਰ ਨੂੰ ਸੁਖਾਲਾ ਬਣਾਉਣ ਲਈ 6 ਮੁਫ਼ਤ ਬੱਸਾਂ ਦੀ ਸ਼ੁਰੂਆਤ ਕੀਤੀ ਗਈ। ਸਿਹਤ ਮੰਤਰੀ ਵੱਲੋਂ ਇਨ੍ਹਾਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ, ਜਿਸ ਨਾਲ ਪਿੰਡਾਂ ਦੇ ਵਿਦਿਆਰਥੀਆਂ, ਮਜ਼ਦੂਰਾਂ ਅਤੇ ਆਮ ਜਨਤਾ ਨੂੰ ਵੱਡੀ ਰਾਹਤ ਮਿਲੇਗੀ । ਮੰਤਰੀ ਨੇ ਇਹ ਵੀ ਕਿਹਾ ਕਿ ਹੁਣ ਪਿੰਡਾਂ ਵਿੱਚ 2 ਮੋਬਾਈਲ ਪਸ਼ੂ ਕਲੀਨਿਕ ਬੱਸਾਂ ਵੀ ਪਹੁੰਚਣਗੀਆਂ, ਜੋ ਪਸ਼ੂਆਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਇਲਾਜ ਪ੍ਰਦਾਨ ਕਰਨਗੀਆਂ। ਸਿਹਤ ਮੰਤਰੀ ਨੇ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਉਹ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਲੈਣ ਅਤੇ ਆਪਣੇ ਇਲਾਕਿਆਂ ਨੂੰ ਸੋਹਣਾ , ਸਾਫ਼-ਸੁਥਰਾ ਅਤੇ ਤੰਦਰੁਸਤ ਬਣਾਉਣ ਵਿੱਚ ਸਹਿਯੋਗ ਦੇਣ।

---

ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ, ਇੱਕ ਵੱਡੀ ਸਫਲਤਾ ਵਿੱਚ, ਕਾਊਂਟਰ ਇੰਟੈਲੀਜੈਂਸ, CI ਬਠਿੰਡਾ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ, ਇੱਕ ਵੱਡੇ ਦਹਿਸ਼ਤਗਰਦ ਹਮਲੇ ਨੂੰ ਟਾਲ ਦਿੱਤਾ ਏ। ਪੰਜਾਬ ਪੁਲਿਸ ਮੁਖੀ, DGP ਗੌਰਵ ਯਾਦਵ ਨੇ ਦੱਸਿਆ ਕਿ ਇਨ੍ਹਾਂ ਦੇ ਕਬਜ਼ੇ ਵਿੱਚੋਂ, ਦੋ ਹੱਥਗੋਲੇ ਬਰਾਮਦ ਕੀਤੇ ਗਏ ਨੇ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਫ਼ਿਰੋਜ਼ਪੁਰ ਦੇ ਰਹਿਣ ਵਾਲੇ ਬੂਟਾ ਸਿੰਘ ਅਤੇ ਮੋਗਾ ਦੇ ਰਹਿਣ ਵਾਲੇ ਹਰਮੰਦਰ ਸਿੰਘ ਵਜੋਂ ਹੋਈ ਏ। DGP ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਬਰਾਮਦ ਕੀਤੇ ਗਏ ਹੱਥਗੋਲੇ ਸਰਹੱਦ ਪਾਰ ਦੇ ਤੱਤਾਂ ਨਾਲ ਜੁੜੀ ਇੱਕ ਗੈਰ-ਕਾਨੂੰਨੀ ਸਪਲਾਈ-ਲੜੀ ਦਾ ਹਿੱਸਾ ਸਨ, ਜਿਸਦਾ ਉਦੇਸ਼ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ

ਜਨਤਕ ਸੁਰੱਖਿਆ ਨੂੰ ਭੰਗ ਕਰਨਾ ਸੀ। DGP ਨੇ ਕਿਹਾ ਕਿ ਇਸ ਮਾਡਿਊਲ ਵਿੱਚ ਸ਼ਾਮਲ ਹੋਰ ਲੋਕਾਂ ਦੀ ਪਛਾਣ ਕਰਨ ਲਈ, ਕਾਰਵਾਈ ਜਾਰੀ ਏ। ਵੇਰਵੇ ਸਾਂਝੇ ਕਰਦਿਆਂ, ਪੁਲੀਸ ਦੇ ਸਹਾਇਕ ਇੰਸਪੈਕਟਰ ਜਨਰਲ ਆਫ਼ ਪੁਲਿਸ (AIG) CI ਬਠਿੰਡਾ ਅਵਨੀਤ ਕੌਰ ਸਿੱਧੂ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਖੁਫੀਆ ਸੂਹ ਮਿਲੀ ਸੀ ਜਿਸ ਤੇ ਕਰਵਾਈ ਕੀਤੀ ਗਈ ਸੀ

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ, ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਵਿੱਚ, UPSC ਦੀ ਪ੍ਰੀਖਿਆ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਾ ਵਿਖਾਲਾ ਕਰਕੇ, ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਹੁਨਰਮੰਦ ਨੌਜਵਾਨਾਂ ਦਾ ਵਿਧਾਨ ਸਭਾ

ਵਿਸੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ, ਉਨ੍ਹਾਂ ਨੇ ਨੌਜਵਾਨਾਂ  ਦੀ ਮਿਹਨਤ, ਲਗਨ ਅਤੇ ਸੰਘਰਸ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ, ਇਹ ਨੌਜਵਾਨਾਂ, ਦੇਸ਼ ਦਾ ਭਵਿੱਖ ਨੇ ਅਤੇ ਇਨ੍ਹਾਂ ਦੀ ਕਾਮਯਾਬੀ ਹੋਰ ਨੌਜਵਾਨਾਂ ਲਈ ਪ੍ਰੇਰਣਾ ਦਾ ਸਰੋਤ ਏ। ਸਮਾਗਮ ਦੌਰਾਨ ਅਮਨ ਅਲੂਨੇ, ਰਸਨੀਤ ਕੌਰ, ਮਨਪ੍ਰੀਤ ਕੌਰ, ਜਯੰਤ ਗਰਗ ਅਤੇ ਕ੍ਰਿਤਿਕਾ ਚੌਧਰੀ  ਨੂੰ ਸਨਮਾਨਿਤ ਕੀਤਾ ਗਿਆ।

---------------------------------------------------------------------

ਪੰਜਾਬ ਵਿਚ ਬੀਤੇ ਦੋ ਦਿਨਾਂ ਤੋਂ ਮੌਸਮ ਵਿੱਚ ਆਏ ਬਦਲਾਅ ਦਰਮਿਆਨ ਅੱਜ ਕਈ ਥਾਵਾਂ ਤੇ ਬਾਰਿਸ਼ ਹੋਈ ਤੇ ਤੇਜ਼ ਹਵਾਵਾਂ ਵੀ ਚਲੀਆਂ |  ਮੌਸਮ ਵਿਭਾਗ ਮੁਤਾਬਿਕ 20 ਮਾਰਚ ਤੱਕ ਅਜਿਹਾ ਮੌਸਮ ਬਣਿਆ ਰਹੇਗਾ ਤੇ ਇਸੇ ਸੰਬੰਧ

‘ਚ 19  ਅਤੇ 20 ਮਾਰਚ ਦਾ ORANGE  ਅਲਰਟ ਵੀ ਜਾਰੀ ਕੀਤਾ ਗਿਆ ਏ। ਕਈ ਥਾਵਾਂ 'ਤੇ ਗੜ੍ਹੇਮਾਰੀ ਹੋਣ ਦੀ ਵੀ ਸੰਭਾਵਨਾ ਜਤਾਈ ਗਈ ਏ |

---

- ਕੇਂਦਰੀ ਮੰਤਰੀਮੰਡਲ ਨੇ, ਕਪਾਹ ਰੁਤ 2023-24 ਲਈ ਭਾਰਤੀ ਕਪਾਹ ਨਿਗਮ ਨੂੰ 1 ਹਜ਼ਾਰ 718 ਕਰੋੜ ਰੁਪਏ ਤੋਂ ਵੱਧ ਦੀ MSP ਫੰਡਿੰਗ ਨੂੰ ਪ੍ਰਵਾਨਗੀ ਦੇ ਦਿੱਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਰਾਜਸਥਾਨ ਸਰਕਾਰ ਵਲੋਂ ਦਹਾਕਿਆਂ ਤੋਂ ਬਿਨਾਂ ਭੁਗਤਾਨ ਕੀਤਿਆਂ ਪੰਜਾਬ ਦੇ ਪਾਣੀ ਦੀ ਵਰਤੋਂ ਕਰਨ

ਦੇ ਸੰਬੰਧ ‘ਚ 1920 ਦੇ ਇਤਿਹਾਸਕ ਸਮਝੌਤੇ ਦੀ ਸਮੀਖਿਆ ਕੀਤੀ ਜਾਣੀ ਚਾਹੀਦੀ ਏ.

- ਪੰਜਾਬ ਦੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਅੱਜ “ਰੰਗਲਾ ਪੰਜਾਬ” ਮੁਹਿੰਮ ਤਹਿਤ ਪਟਿਆਲਾ ਦਿਹਾਤੀ ਦੇ ਵਿਕਾਸ ਲਈ 77 ਕਰੋੜ ਰੁਪਏ ਦੀ ਰਕਮ ਜਾਰੀ.
- ਇੱਕ ਵੱਡੀ ਸਫਲਤਾ ਵਿੱਚ, ਕਾਊਂਟਰ ਇੰਟੈਲੀਜੈਂਸ, ਬਠਿੰਡਾ ਨੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ, ਇੱਕ ਵੱਡੇ ਦਹਿਸ਼ਤਗਰਦ ਖ਼ਤਰੇ ਨੂੰ ਨਾਕਾਮ ਕੀਤਾ.
- ਪੰਜਾਬ ਵਿਧਾਨ ਸਭਾ ਦੇ ਸਪੀਕਰ, ਕੁਲਤਾਰ ਸਿੰਘ ਸੰਧਵਾਂ ਵੱਲੋਂ ਵਿਧਾਨ ਸਭਾ ਵਿੱਚ, UPSC ਦੀ ਪ੍ਰੀਖਿਆ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੇ ਪੰਜਾਬ

ਦੇ ਹੁਨਰਮੰਦ ਵਿਦਿਆਰਥੀਆਂ ਦਾ ਵਿਸੇਸ਼ ਸਨਮਾਨ ਕੀਤਾ ਗਿਆ।

- ਸੂਬੇ ‘ਚ ਮੌਸਮ ‘ਚ ਬਦਲਾਅ ਕਾਰਣ ਤਾਪਮਾਨ ‘ਚ ਗਿਰਾਵਟ. ਅਗਲੇ 2 ਦਿਨਾਂ ਲਈ ਤੇਜ਼ ਹਵਾਵਾਂ ਤੇ ਗੜ੍ਹੇਮਾਰੀ ਦਾ ORANGE ALERT ਜਾਰੀ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ ਸਾਢੇ 7 ਵਜੇ ਹੋਏਗਾ। ਨਮਸ੍ਕਾਰ**